ਗਉੜੀ ਬੈਰਾਗਣਿ ਮਹਲਾ ੪ ॥ ਹਮਰੈ ਮਨਿ ਚਿਤਿ ਹਰਿ ਆਸ ਨਿਤ ਕਿਉ ਦੇਖਾ ਹਰਿ ਦਰਸੁ ਤੁਮਾਰਾ ॥ ਜਿਨਿ ਪ੍ਰੀਤਿ ਲਾਈ ਸੋ ਜਾਣਤਾ ਹਮਰੈ ਮਨਿ ਚਿਤਿ ਹਰਿ ਬਹੁਤੁ ਪਿਆਰਾ ॥ ਹਉ ਕੁਰਬਾਨੀ ਗੁਰ ਆਪਣੇ ਜਿਨਿ ਵਿਛੁੜਿਆ ਮੇਲਿਆ ਮੇਰਾ ਸਿਰਜਨਹਾਰਾ ॥੧॥ ਮੇਰੇ ਰਾਮ ਹਮ ਪਾਪੀ ਸਰਣਿ ਪਰੇ ਹਰਿ ਦੁਆਰਿ ॥ ਮਤੁ ਨਿਰਗੁਣ ਹਮ ਮੇਲੈ ਕਬਹੂੰ ਅਪੁਨੀ ਕਿਰਪਾ ਧਾਰਿ ॥੧॥ ਰਹਾਉ ॥ ਹਮਰੇ ਅਵਗੁਣ ਬਹੁਤੁ ਬਹੁਤੁ ਹੈ ਬਹੁ ਬਾਰ ਬਾਰ ਹਰਿ ਗਣਤ ਨ ਆਵੈ ॥ ਤੂੰ ਗੁਣਵੰਤਾ ਹਰਿ ਹਰਿ ਦਇਆਲੁ ਹਰਿ ਆਪੇ ਬਖਸਿ ਲੈਹਿ ਹਰਿ ਭਾਵੈ ॥ ਹਮ ਅਪਰਾਧੀ ਰਾਖੇ ਗੁਰ ਸੰਗਤੀ ਉਪਦੇਸੁ ਦੀਓ ਹਰਿ ਨਾਮੁ ਛਡਾਵੈ ॥੨॥ ਤੁਮਰੇ ਗੁਣ ਕਿਆ ਕਹਾ ਮੇਰੇ ਸਤਿਗੁਰਾ ਜਬ ਗੁਰੁ ਬੋਲਹ ਤਬ ਬਿਸਮੁ ਹੋਇ ਜਾਇ ॥ ਹਮ ਜੈਸੇ ਅਪਰਾਧੀ ਅਵਰੁ ਕੋਈ ਰਾਖੈ ਜੈਸੇ ਹਮ ਸਤਿਗੁਰਿ ਰਾਖਿ ਲੀਏ ਛਡਾਇ ॥ ਤੂੰ ਗੁਰੁ ਪਿਤਾ ਤੂੰਹੈ ਗੁਰੁ ਮਾਤਾ ਤੂੰ ਗੁਰੁ ਬੰਧਪੁ ਮੇਰਾ ਸਖਾ ਸਖਾਇ ॥੩॥ ਜੋ ਹਮਰੀ ਬਿਧਿ ਹੋਤੀ ਮੇਰੇ ਸਤਿਗੁਰਾ ਸਾ ਬਿਧਿ ਤੁਮ ਹਰਿ ਜਾਣਹੁ ਆਪੇ ॥ ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ ॥ ਧੰਨੁ ਧੰਨੁ ਗੁਰੂ ਨਾਨਕ ਜਨ ਕੇਰਾ ਜਿਤੁ ਮਿਲਿਐ ਚੂਕੇ ਸਭਿ ਸੋਗ ਸੰਤਾਪੇ ॥੪॥੫॥੧੧॥੪੯॥ {ਪੰਨਾ 167}

ਪਦਅਰਥ:- ਮਨਿ—ਮਨ ਵਿਚ। ਚਿਤਿ—ਚਿਤ ਵਿਚ। ਹਰਿ—ਹੇ ਹਰੀ! ਦੇਖਾ—ਦੇਖਾਂ, ਮੈਂ ਵੇਖਾਂ। ਜਿਨਿ—ਜਿਸ (ਹਰੀ) ਨੇ।1।

ਦੁਆਰਿ—ਦਰ ਤੇ। ਮਤੁ—ਸ਼ਾਇਦ।1। ਰਹਾਉ।

ਗਣਤ ਨ ਆਵੈ—ਗਿਣਤੀ ਕੀਤੀ ਨਹੀਂ ਜਾ ਸਕਦੀ।2।

ਕਹਾ—ਕਹਾਂ, ਮੈਂ ਆਖਾਂ। ਗੁਰੁ ਬੋਲਹ—ਅਸੀਂ 'ਗੁਰੂ ਗੁਰੂ' ਬੋਲਦੇ ਹਾਂ। ਬਿਸਮੁ—ਅਸਚਰਜ ਆਤਮਕ ਹਾਲਤ। ਸਤਿਗੁਰਿ—ਸਤਿਗੁਰ ਨੇ। ਬੰਧਪੁ—ਰਿਸ਼ਤੇਦਾਰ। ਸਖਾ—ਮਿੱਤਰ।3।

ਬਿਧਿ—ਹਾਲਤ। ਸਾ ਬਿਧਿ—ਉਹ ਹਾਲਤ। ਕੀਰੇ—ਕੀੜੇ। ਥਾਪੇ—ਥਾਪਨਾ ਦਿੱਤੀ, ਵਡਿਆਈ ਦਿੱਤੀ। ਕੇਰਾ—ਦਾ। ਸਭਿ—ਸਾਰੇ।4।

ਅਰਥ:- ਹੇ ਮੇਰੇ ਮਨ! ਮੈਂ ਪਾਪੀ ਤੇਰੀ ਸਰਨ ਆਇਆ ਹਾਂ, ਤੇਰੇ ਦਰ ਤੇ ਆ ਡਿੱਗਾ ਹਾਂ ਕਿ ਸ਼ਾਇਦ (ਇਸ ਤਰ੍ਹਾਂ) ਤੂੰ ਆਪਣੀ ਮਿਹਰ ਕਰ ਕੇ ਮੈਨੂੰ ਗੁਣ-ਹੀਨ ਨੂੰ ਆਪਣੇ ਚਰਨਾਂ ਵਿਚ ਜੋੜ ਲਏਂ।1। ਰਹਾਉ।

ਹੇ ਹਰੀ! ਮੇਰੇ ਮਨ ਵਿਚ ਚਿੱਤ ਵਿਚ ਸਦਾ ਇਹ ਆਸ ਰਹਿੰਦੀ ਹੈ ਕਿ ਮੈਂ ਕਿਸੇ ਤਰ੍ਹਾਂ ਤੇਰਾ ਦਰਸਨ ਕਰ ਸਕਾਂ। (ਹੇ ਭਾਈ!) ਜਿਸ ਹਰੀ ਨੇ ਮੇਰੇ ਅੰਦਰ ਆਪਣਾ ਪਿਆਰ ਪੈਦਾ ਕੀਤਾ ਹੈ ਉਹੀ ਜਾਣਦਾ ਹੈ, ਮੈਨੂੰ ਆਪਣੇ ਮਨ ਵਿਚ ਚਿੱਤ ਵਿਚ ਹਰੀ ਬਹੁਤ ਪਿਆਰਾ ਲੱਗ ਰਿਹਾ ਹੈ। ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਮੈਨੂੰ ਮੇਰਾ ਵਿੱਛੜਿਆ ਹੋਇਆ ਸਿਰਜਣਹਾਰ ਹਰੀ ਮਿਲਾ ਦਿੱਤਾ ਹੈ।1।

ਹੇ ਹਰੀ! ਮੇਰੇ ਅੰਦਰ ਬੇਅੰਤ ਅਉਗਣ ਹਨ, ਗਿਣੇ ਨਹੀਂ ਜਾ ਸਕਦੇ, ਮੈਂ ਮੁੜ ਮੁੜ ਔਗਣ ਕਰਦਾ ਹਾਂ। ਤੂੰ ਗੁਣਾਂ ਦਾ ਮਾਲਕ ਹੈਂ, ਦਇਆ ਦਾ ਘਰ ਹੈਂ ਜਦੋਂ ਤੇਰੀ ਰਜ਼ਾ ਹੁੰਦੀ ਹੈ ਤੂੰ ਆਪ ਹੀ ਬਖ਼ਸ਼ ਲੈਂਦਾ ਹੈਂ। (ਹੇ ਭਾਈ!) ਸਾਡੇ ਵਰਗੇ ਪਾਪੀਆਂ ਨੂੰ ਹਰੀ ਗੁਰੂ ਦੀ ਸੰਗਤਿ ਵਿਚ ਰੱਖਦਾ ਹੈ, ਉਪਦੇਸ਼ ਦੇਂਦਾ ਹੈ, ਤੇ ਉਸ ਦਾ ਨਾਮ ਵਿਕਾਰਾਂ ਤੋਂ ਖ਼ਲਾਸੀ ਕਰਾ ਦੇਂਦਾ ਹੈ।2।

ਹੇ ਮੇਰੇ ਸਤਿਗੁਰੂ! ਮੈਂ ਤੇਰੇ ਗੁਣ ਕੀਹ ਕੀਹ ਦੱਸਾਂ? ਜਦੋਂ ਮੈਂ 'ਗੁਰੂ ਗੁਰੂ' ਜਪਦਾ ਹਾਂ, ਮੇਰੀ ਅਸਚਰਜ ਆਤਮਕ ਹਾਲਤ ਬਣ ਜਾਂਦੀ ਹੈ। ਸਾਡੇ ਵਰਗੇ ਪਾਪੀਆਂ ਨੂੰ ਜਿਵੇਂ ਸਤਿਗੁਰੂ ਨੇ ਰੱਖ ਲਿਆ ਹੈ (ਵਿਕਾਰਾਂ ਦੇ ਪੰਜੇ ਤੋਂ) ਛੁਡਾ ਲਿਆ ਹੈ ਹੋਰ ਕੌਣ (ਇਸ ਤਰ੍ਹਾਂ) ਰੱਖ ਸਕਦਾ ਹੈ? ਹੇ ਹਰੀ! ਤੂੰ ਹੀ ਮੇਰਾ ਗੁਰੂ ਹੈਂ, ਮੇਰਾ ਪਿਤਾ ਹੈਂ, ਮੇਰਾ ਰਿਸ਼ਤੇਦਾਰ ਹੈਂ, ਮੇਰਾ ਮਿੱਤਰ ਹੈਂ।3।

ਹੇ ਮੇਰੇ ਸਤਿਗੁਰੂ! ਹੇ ਮੇਰੇ ਹਰੀ! ਜੇਹੜੀ ਮੇਰੀ ਹਾਲਤ ਹੁੰਦੀ ਸੀ ਉਹ ਹਾਲਤ ਤੂੰ ਆਪ ਹੀ ਜਾਣਦਾ ਹੈਂ। ਮੈਂ ਰੁਲਦਾ ਫਿਰਦਾ ਸਾਂ ਕੋਈ ਮੇਰੀ ਵਾਤ ਨਹੀਂ ਸੀ ਪੁੱਛਦਾ ਤੂੰ ਮੈਨੂੰ ਕੀੜੇ ਨੂੰ ਗੁਰੂ ਸਤਿਗੁਰੂ ਦੇ ਚਰਨਾਂ ਵਿਚ ਲਿਆ ਕੇ ਵਡਿਆਈ ਬਖ਼ਸ਼ੀ। (ਹੇ ਭਾਈ!) ਦਾਸ ਨਾਨਕ ਦਾ ਗੁਰੂ ਧੰਨ ਹੈ ਧੰਨ ਹੈ ਜਿਸ (ਗੁਰੂ) ਨੂੰ ਮਿਲ ਕੇ ਮੇਰੇ ਸਾਰੇ ਸੋਗ ਮੁੱਕ ਗਏ ਮੇਰੇ ਸਾਰੇ ਕਲੇਸ਼ ਦੂਰ ਹੋ ਗਏ।4।5।11। 49।